

ਚੋਰੀ ਕੀਤੇ ਮੋਟਰਸਾਈਕਲਾਂ ਸਮੇਤ ਗ੍ਰਿਫ਼ਤਾਰ ਵਿਅਕਤੀ ਪੁਲਿਸ ਪਾਰਟੀ ਨਾਲ। ਤਸਵੀਰ: ਬਲਕਰਨ ਸਿੰਘ ਖਾਰਾ

# ਮੋਟਰਸਾਈਕਲ ਚੋਰੀ ਕਰਨ ਵਾਲੇ 2 ਵਿਅਕਤੀ ਕਾਬੂ

## ਚੋਰੀ ਦੇ 10 ਮੋਟਰਸਾਈਕਲ ਬਰਾਮਦ

ਸ੍ਰੀ ਮੁਕਤਸਰ ਸਾਹਿਬ, 4 ਅਪ੍ਰੈਲ (ਰਣਜੀਤ ਸਿੰਘ ਢਿੱਲੋਂ, ਹਰਮਹਿੰਦਰ ਪਾਲ)-ਜ਼ਿਲ੍ਹਾ ਪੁਲਿਸ ਮੁਖੀ ਧਰੂਮਨ ਐੱਚ ਨਿੰਬਲੇ ਦੇ ਦਿਸ਼ਾ-ਨਿਰਦੇਸ਼, ਗੁਰਪ੍ਰੀਤ ਸਿੰਘ ਉੱਪ ਕਪਤਾਨ ਪੁਲਿਸ (ਡੀ) ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਇੰਸਪੈਕਟਰ ਰਾਜੇਸ਼ ਕੁਮਾਰ ਇੰਚਾਰਜ ਸੀ.ਆਈ.ਏ. ਸਟਾਫ਼ ਦੀ ਟੀਮ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ, ਜਦੋਂ ਪੁਲਿਸ ਨੇ ਦੋ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਵੱਖ-ਵੱਖ ਸ਼ਹਿਰਾਂ ਤੋਂ ਚੋਰੀ ਕੀਤੇ 10 ਮੋਟਰਸਾਈਕਲਾਂ ਨੂੰ ਬਰਾਮਦ ਕੀਤਾ। ਇਸ ਸਬੰਧੀ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦੇ ਹੋਏ ਮੋਹਨ ਲਾਲ ਕਪਤਾਨ ਪੁਲਿਸ (ਡੀ) ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਏ.ਐੱਸ.ਆਈ. ਬਲਜਿੰਦਰ ਸਿੰਘ ਸੀ.ਆਈ.ਏ. ਸਟਾਫ਼ ਸਮੇਤ ਪੁਲਿਸ ਪਾਰਟੀ ਦਾਨੇਵਾਲਾ ਚੌਂਕ ਮਲੋਟ ਵਿਖੇ ਮੌਜੂਦ ਸੀ, ਤਾਂ ਮੁਖ਼ਬਰ ਖ਼ਾਸ ਨੇ ਇਤਲਾਹ ਦਿੱਤੀ ਕਿ ਬੀਰਬਲ ਪੁੱਤਰ ਸੋਹਨ ਲਾਲ ਪੁੱਤਰ ਕ੍ਰਿਸ਼ਨਾ ਲਾਲ ਤੇ ਅਜੈ ਕੁਮਾਰ ਪੁੱਤਰ ਸਰੂਪ ਰਾਮ ਪੁੱਤਰ ਲੇਖ ਰਾਮ ਵਾਸੀ ਪਿੰਡ ਦਾਨੇਵਾਲਾ ਜੋ ਵੱਖ-ਵੱਖ ਸ਼ਹਿਰਾਂ ਤੋਂ ਮੋਟਰਸਾਈਕਲ ਚੋਰੀ ਕਰਨ ਦੇ ਆਦੀ ਹਨ ਅਤੇ ਅੱਜ ਵੀ ਇਨ੍ਹਾਂ ਕੋਲ ਚੋਰੀ ਦੇ ਮੋਟਰਸਾਈਕਲ ਹਨ, ਜਿਨ੍ਹਾਂ 'ਤੇ ਸਵਾਰ ਹੋ ਕੇ ਉਹ ਮਲੋਟ ਸ਼ਹਿਰ ਵਿਚ ਘੁੰਮ ਰਹੇ ਹਨ। ਇਸ ਮੌਕੇ ਏ.ਐੱਸ.ਆਈ. ਬਲਜਿੰਦਰ ਸਿੰਘ ਸੀ.ਆਈ.ਏ. ਸਟਾਫ਼ ਨੇ ਉਕਤਾਨ ਦੋਵੇਂ ਦੋਸ਼ੀਆਂ ਖ਼ਿਲਾਫ਼ ਥਾਣਾ ਸਿਟੀ ਮਲੋਟ ਵਿਖੇ ਮਾਮਲਾ ਦਰਜ ਕਰਕੇ ਦੋਸ਼ੀਆਂ ਨੂੰ ਚੋਰੀ ਦੇ 2 ਮੋਟਰਸਾਈਕਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ। ਇਸ ਤੋਂ ਬਾਅਦ ਇਨ੍ਹਾਂ ਨੂੰ ਅਦਾਲਤ ਵਿਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ, ਜਿਨ੍ਹਾਂ ਪਾਸੋਂ ਅੱਜ 8 ਹੋਰ ਚੋਰੀ ਦੇ ਮੋਟਰਸਾਈਕਲ ਬਰਾਮਦ ਕੀਤੇ ਗਏ।

Scanned with CamScanner